# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :05-07-2026

ਕੇਂਦਰੀ ਦਿਹਾਤੀ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਖੁਸ਼ੀ ਪ੍ਰਗਟ ਕੀਤੀ ਏ ਕਿ ਵਿਕਸਿਤ ਭਾਰਤ - ਰੋਜ਼ਗਾਰ ਅਤੇ ਅਜੀਵਿਕਾ ਮਿਸ਼ਨ (ਗ੍ਰਾਮੀਣ) ਲਈ ਗਰੰਟੀ, ਵੀਬੀ-ਜੀ ਰਾਮ ਜੀ ਕਾਨੂੰਨ, 2025 ਇਸ ਮਹੀਨੇ ਦੀ ਪਹਿਲੀ ਤਰੀਕ ਨੂੰ ਸਫਲਤਾ ਨਾਲ ਲਾਗੂ ਹੋ ਗਿਆ ਏ । ਮੰਤਰੀ ਨੇ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਮਿਸ਼ਨ ਤਹਿਤ ਰਾਜਾਂ ਨੂੰ 25 ਹਜ਼ਾਰ ਕਰੋੜ ਰੁਪਏ ਦੀ ਸਹਾਇਤਾ ਮਨਜ਼ੂਰ ਅਤੇ ਜਾਰੀ ਕੀਤੀ। ਸ਼੍ਰੀ ਚੌਹਾਨ ਨੇ ਕਿਹਾ ਕਿ ਵੀਬੀ-ਜੀ ਰਾਮ ਜੀ ਕਾਨੂੰਨ, ਮਹਾਤਮਾ ਗਾਂਧੀ ਰਾਸ਼ਟਰੀ ਦਿਹਾਤੀ ਰੁਜ਼ਗਾਰ ਗਰੰਟੀ ਯੋਜਨਾ ਤੋਂ ਸਫਲਤਾ ਨਾਲ ਤਬਦੀਲ ਹੋ ਗਿਆ ਏ । ਉਨ੍ਹਾਂ ਕਿਹਾ ਕਿ ਐਮ.ਜੀ ਨਰੇਗਾ ਨੂੰ ਲਾਗੂ ਕਰਨ ਵਿੱਚ ਤਿੰਨ ਸਾਲ ਤੋਂ ਵੱਧ ਸਮਾਂ ਲੱਗਿਆ, ਜਦੋਂ ਕਿ ਵੀਬੀ-ਜੀ ਰਾਮ ਜੀ ਨੂੰ ਦੇਸ਼ ਭਰ ਵਿੱਚ ਸਿਰਫ ਇੱਕ ਦਿਨ ਵਿੱਚ ਲਾਗੂ ਕੀਤਾ ਗਿਆ। ਸ਼੍ਰੀ ਚੌਹਾਨ ਨੇ ਕਿਹਾ ਕਿ ਇਸ ਕਾਨੂੰਨ ਤਹਿਤ

ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਤੇਜ਼ ਕਰਨ ਲਈ ਅਗਲੇ ਪੰਜ ਸਾਲਾਂ ਵਿੱਚ 2.86 ਲਖ ਪੰਚਾਇਤਾਂ ਵਿੱਚ 7.5 ਲੱਖ ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਕੀਤਾ ਜਾਵੇਗਾ।

--------------------------------------------------------------

ਪੰਜਾਬ ਦੇ ਸਿਹਤ ਦੇ ਪਰਿਵਾਰ ਭਲਾਈ ਮੰਤਰੀ ਡਾਕਟਰ ਬਲਬੀਰ ਸਿੰਘ ਨੇ ਕਿਹਾ ਏ ਕਿ ਪੰਜਾਬ ਵਿੱਚ ਨਸ਼ਿਆਂ ਖਿਲਾਫ ਚੱਲ ਰਹੀ ਲੜਾਈ ਹੁਣ ਲੋਕ ਲਹਿਰ ਬਣਦੀ ਜਾ ਰਹੀ ਏ, ਜਿਸ ਤਹਿਤ ਪਿੰਡਾਂ ਤੇ ਸ਼ਹਿਰੀ ਖੇਤਰਾਂ ਦੀ ਲੋਕ ਵੱਡੀ ਗਿਣਤੀ ਵਿੱਚ ਅੱਗੇ ਆ ਕੇ ਸੇਫ ਪੰਜਾਬ ਹੈਲਪਲਾਈਨ ਤੇ ਨਸ਼ਾ ਤਸਕਰਾਂ ਅਤੇ ਸਪਲਾਈਰਾਂ ਬਾਰੇ ਗੁਫਤ ਰੂਪ ਵਿੱਚ ਜਾਣਕਾਰੀ ਸਾਂਝੀ ਕਰ ਰਹੇ ਨੇ। ਜ਼ਿਕਰ ਯੋਗ ਏ ਕਿ ਸੇਫ ਪੰਜਾਬ ਹੈਲਪਲਾਈਨ 97-791- 00 - 200 ਚੱਲ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਹਿੱਸਾ ਏ । ਨੰਬਰ ਇੱਕ ਵਾਰ ਫਿਰ ਸੁਣ ਲਓ- 97-791- 00 – 200 ਉਹਨਾਂ ਕਿਹਾ ਕਿ ਲੋਕਾਂ ਦੀ ਵਧਦੀ ਹਿੱਸੇਦਾਰੀ ਨਾਲ ਨਾ ਸਿਰਫ ਪੁਲਿਸ ਨੂੰ ਨਸ਼ਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਕਰਨ ਵਿੱਚ ਮਦਦ ਮਿਲ ਰਹੀ ਏ ਸਗੋਂ ਇਸ ਤੋਂ ਇਹ ਵੀ ਸਪਸ਼ਟ ਹੁੰਦਾ ਏ ਕਿ ਲੋਕਾਂ ਦਾ ਸਰਕਾਰ 'ਤੇ ਭਰੋਸਾ ਵਧੀਆ ਏ ।

--------------------------------------------------------------

ਸੂਬੇ ਵਿੱਚ ਚੱਲ ਰਹੀ ਫੈਸਲਾਕੁੰਨ ਮੁਹਿੰਮ 'ਗੈਂਗਸਟਰਾਂ ਤੇ ਵਾਰ'

ਦੇ 165ਵੇਂ ਦਿਨ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ 829 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ।

ਜ਼ਿਕਰਯੋਗ ਏ ਕਿ ‘ਗੈਂਗਸਟਰਾਂ ਤੇ ਵਾਰ’ - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਏ, ਜੋ 20 ਜਨਵਰੀ, 2026 ਨੂੰ ਡੀਜੀਪੀ, ਪੰਜਾਬ, ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ।

ਗੈਂਗਸਟਰ ਵਿਰੋਧੀ ਟਾਸਕ ਫੋਰਸ (ਏ ਜੀ ਟੀ ਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਨੇ. 165ਵੇਂ ਦਿਨ, ਪੁਲਿਸ ਟੀਮਾਂ ਨੇ 15 ਹਥਿਆਰਾਂ ਸਮੇਤ 570 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 43 ਹਜ਼ਾਰ 697 ਹੋ ਗਈਆਂ ਨੇ ।

ਇਸ ਤੋਂ ਇਲਾਵਾ 258 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਏ । ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 15 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਏ ।

ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93-946-93-946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਸੂਚਿਤ ਕਰ ਸਕਦੇ ਨੇ ਅਤੇ ਅਪਰਾਧ ਅਤੇ ਅਪਰਾਧਿਕ

ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਏ। ਨੰਬਰ ਇੱਕ ਵਾਰ ਫਿਰ ਸੁਣ ਲਓ – 93-946-93-946

---------------------------------------------------

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ ਨੂੰ 490ਵੇਂ ਦਿਨ ਵੀ ਜਾਰੀ ਰੱਖਦਿਆਂ 58 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 3.5 ਕਿਲੋ ਹੈਰੋਇਨ, 2.3 ਕਿਲੋ ਅਫੀਮ, 627 ਨਸ਼ੀਲੀਆਂ ਗੋਲੀਆਂ ਅਤੇ 36 ਹਜ਼ਾਰ 900 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 490 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 71 ਹਜ਼ਾਰ 592 ਹੋ ਗਈ ਏ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ 11 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਏ।

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਅੱਜ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਸਬੰਧ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ ਹੋਇਆ, ਜਿਸ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ

ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਹਜ਼ੂਰੀ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ। ਅਰਦਾਸ ਅਤੇ ਪਾਵਨ ਹੁਕਮਨਾਮੇ ਬਾਅਦ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਵੀ ਪਾਈ । ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਬੋਧਨ ਕਰਦਿਆਂ ਸੰਗਤਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਸਥਾਪਨਾ ਦਿਵਸ ਦੀ ਵਧਾਈ ਦਿੱਤੀ। ਆਪਣੇ ਸੰਬੋਧਨ ‘ਚ ਉਨ੍ਹਾਂ ਇਹ ਵੀ ਕਿਹਾ ਕਿ ਅੱਜ ਨਸ਼ਿਆਂ ਵਰਗੀ ਭਿਆਨਕ ਬੁਰਾਈ ਤੋਂ ਆਪਣੀ ਨੌਜਵਾਨੀ ਨੂੰ ਬਚਾਉਣ ਲਈ ਹਰ ਸਿੱਖ ਨੂੰ ਅੱਗੇ ਆਉਣਾ ਹੋਵੇਗਾ। ਜਦੋਂ ਨੌਜਵਾਨਾਂ ਨੂੰ ਗੁਰੂ ਨਾਲ, ਤੇ ਸੇਵਾ ਨਾਲ ਜੋੜਿਆ ਜਾਵੇਗਾ, ਤਾਂ ਉਹ ਹਰ ਤਰ੍ਹਾਂ ਦੇ ਨਸ਼ਿਆਂ ਤੋਂ ਦੂਰ ਰਹਿਣਗੇ।